ਦਫਤਰ ਜਿਲ੍ਹਾ ਲੋਕ ਸੰਪਰਕ ਅਫਸਰ, ਫਾਜ਼ਿਲਕਾ

## ਜ਼ਿਲ੍ਹੇ ਦੀਆਂ ਮੰਡੀਆਂ 'ਚ ਹੁਣ ਤੱਕ 131643 ਮੀਟ੍ਰਿਕ ਟਨ ਝੋਨੇ ਦੀ ਹੋਈ ਆਮਦ -ਈਸ਼ਾ ਕਾਲੀਆ

### 124296 ਮੀਟ੍ਰਿਕ ਟਨ ਝੋਨੇ ਦੀ ਵੱਖ-ਵੱਖ ਖਰੀਦ ਏਜੰਸੀਆਂ ਵੱਲੋਂ ਕੀਤੀ ਗਈ ਖਰੀਦ

### ਅਨਾਜ ਮੰਡੀਆਂ ਵਿੱਚ ਨਿਰਵਿਘਨ ਚੱਲ ਰਹੀ ਹੈ ਝੋਨੇ ਦੀ ਖਰੀਦ

ਫਾਜ਼ਿਲਕਾ 14 ਅਕਤੂਬਰ

ਡਿਪਟੀ ਕਮਿਸਨਰ ਸ੍ਰੀਮਤੀ ਈਸ਼ਾ ਕਾਲੀਆ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਜ਼ਿਲ੍ਹੇ ਦੀਆਂ ਮੰਡੀਆਂ 'ਚ ਝੋਨੇ ਦੀ ਸਰਕਾਰੀ ਖਰੀਦ ਸ਼ੁਰੂ ਹੋ ਚੁੱਕੀ ਹੈ। ਖਰੀਦ ਦਾ ਕੰਮ ਸਮੂਹ ਮੰਡੀਆਂ ਵਿੱਚ ਨਿਰਵਿਘਨ ਚੱਲ ਰਿਹਾ ਹੈ। ਉਨ੍ਹਾਂ ਦੱਸਿਆ ਕਿ ਬੀਤੀ ਸਾਮ ਤੱਕ ਜ਼ਿਲ੍ਹੇ ਦੀਆਂ ਮੰਡੀਆਂ ਵਿੱਚ 131643 ਮੀਟ੍ਰਿਕ ਟਨ ਝੋਨੇ ਦੀ ਆਮਦ ਹੋਈ ਅਤੇ 124296 ਮੀਟ੍ਰਿਕ ਟਨ ਝੋਨੇ ਦੀ ਖਰੀਦ ਕੀਤੀ ਜਾ ਚੁੱਕੀ ਹੈ।

ਡਿਪਟੀ ਕਮਿਸ਼ਨਰ ਸ੍ਰੀਮਤੀ ਈਸ਼ਾ ਕਾਲੀਆ ਨੇ ਦੱਸਿਆ ਕਿ ਕਿਸਾਨਾਂ ਨੂੰ ਮੰਡੀਆਂ ਵਿੱਚ ਝੋਨੇ ਦੀ ਖਰੀਦ ਸਮੇਂ ਕਿਸੇ ਕਿਸਮ ਦੀ ਮੁਸ਼ਕਲ ਨਹੀਂ ਆਉਣ ਦਿੱਤੀ ਜਾਵੇਗੀ। ਉਨ੍ਹਾਂ ਕਿਸਾਨਾਂ ਨੂੰ ਮੰਡੀਆਂ 'ਚ ਸੁੱਕਾ ਝੋਨਾ ਲਿਆਉਣ ਦੀ ਅਪੀਲ ਕੀਤੀ, ਤਾਂ ਜੋ ਉਨ੍ਹਾਂ ਨੂੰ ਆਪਣੀ ਢੇਰੀ ਵੇਚਣ ਲਈ ਮੰਡੀਆਂ ਵਿੱਚ ਜ਼ਿਆਦਾ ਦੇਰ ਰੁਕਣਾ ਨਾ ਪਵੇ। ਇਸ ਦੇ ਨਾਲ-ਨਾਲ ਉਨ੍ਹਾਂ ਕਿਸਾਨਾਂ ਨੂੰ ਕਿਹਾ ਕਿ ਫਸਲ ਪੱਕਣ ਉਪਰੰਤ ਹੀ ਮੰਡੀਆਂ ਵਿੱਚ ਲਿਆਈ ਜਾਵੇ।

ਜ਼ਿਲ੍ਹਾ ਫੂਡ ਸਪਲਾਈ ਕੰਟਰੋਲਰ ਸ੍ਰੀਮਤੀ ਗੀਤੂ ਬਿਸ਼ੰਬੂ ਨੇ ਵੱਖ-ਵੱਖ ਖਰੀਦ ਏਜੰਸੀਆਂ ਵੱਲੋਂ ਖਰੀਦ ਕੀਤੇ ਗਏ ਝੋਨੇ ਦਾ ਵੇਰਵਾ ਦਿੰਦਿਆਂ ਦੱਸਿਆ ਕਿ ਬੀਤੇ ਦਿਨ ਤੱਕ ਪਨਗ੍ਰੇਨ ਵੱਲੋ 25561 ਮੀਟ੍ਰਿਕ ਟਨ, ਮਾਰਕਫੈਡ ਵੱਲੋਂ 20438 ਮੀਟ੍ਰਿਕ ਟਨ, ਪਨਸਪ ਵੱਲੋਂ 30956 ਮੀਟ੍ਰਿਕ ਟਨ, ਵੇਅਰਹਾਉਸ ਵੱਲੋਂ 17355 ਮੀਟ੍ਰਿਕ ਟਨ,ਪੰਜਾਬ ਐਗਰੋ ਵੱਲੋਂ 9910 ਮੀਟ੍ਰਿਕ ਟਨ, ਐਫ.ਸੀ.ਆਈ ਵੱਲੋਂ 19 ਮੀਟ੍ਰਿਕ ਟਨ ਅਤੇ ਪ੍ਰਾਇਵੇਟ ਵਪਾਰੀਆਂ ਵੱਲੋਂ 20057 ਮੀਟ੍ਰਿਕ ਟਨ ਝੋਨਾ ਖਰੀਦ ਕੀਤਾ ਗਿਆ।